**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 16-07-2025**

ਚੀਫ ਓਫ ਡਿਫੈਂਸ ਸਟਾਫ (ਸੀ.ਡੀ.ਐਸ.) ਜਨਰਲ ਅਨਿਲ ਚੌਹਾਨ ਨੇ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ ਦੌਰਾਨ ਪਾਕਿਸਤਾਨ ਨੇ ਨਿਹੱਥੇ ਡਰੋਨ ਤੇ ਘੁੰਮਦੇ ਹਥਿਆਰਾਂ ਦੀ ਵਰਤੋਂ ਕੀਤੀ ਸੀ, ਜਿਨ੍ਹਾਂ ਨੂੰ ਭਾਰਤੀ ਹਥਿਆਰਬੰਦ ਬਲਾਂ ਨੇ ਬੇਅਸਰ ਕਰ ਦਿੱਤਾ ਸੀ। ਨਵੀਂ ਦਿੱਲੀ ਵਿਚ ਇਕ ਵਰਕਸ਼ਾਪ ਨੂੰ ਸੰਬੋਧਨ ਕਰਦੇ ਹੋਏ ਜਨਰਲ ਚੌਹਾਨ ਨੇ ਕਿਹਾ ਕਿ ਪਾਕਿਸਤਾਨ ਦੇ ਕਿਸੇ ਵੀ ਡਰੋਨ ਨੇ ਭਾਰਤ ਦੇ ਫੌਜੀ ਜਾਂ ਸਿਵਲ ਬੁਨਿਆਦੀ ਢਾਂਚੇ ਨੂੰ ਕੋਈ ਨੁਕਸਾਨ ਨਹੀਂ ਪਹੁੰਚਾਇਆ। ਉਨ੍ਹਾਂ ਕਿਹਾ ਕਿ, ਆਪ੍ਰੇਸ਼ਨ ਸਿੰਦੂਰ ਨੇ ਸਵਦੇਸ਼ੀ ਮਨੁੱਖ ਰਹਿਤ ਹਵਾਈ ਪ੍ਰਣਾਲੀਆਂ ਦੀ ਤਾਇਨਾਤੀ ਦੇ ਮਹੱਤਵਪੂਰਨ ਮਹੱਤਵ ਨੂੰ ਉਜਾਗਰ ਕੀਤਾ ਏ। ਜਨਰਲ ਚੌਹਾਨ ਨੇ ਕਿਹਾ ਕਿ ਦੇਸ਼ ਨੂੰ ਆਪਣੀ ਰੱਖਿਆ ਲਈ ਨਿਵੇਸ਼ ਤੇ ਨਿਰਮਾਣ ਕਰਨਾ ਚਾਹੀਦਾ ਏ ਤੇ ਵਿਦੇਸ਼ੀ ਤਕਨਾਲੋਜੀ 'ਤੇ ਨਿਰਭਰਤਾ ਤਿਆਰੀ ਨੂੰ ਕਮਜ਼ੋਰ ਕਰਦੀ ਏ।

---

ਭਾਰਤੀ ਵਿਲੱਖਣ ਪਛਾਣ ਅਥਾਰਟੀ (UIDAI) ਨੇ ਮਾਪਿਆਂ ਤੇ ਸਰਪ੍ਰਸਤਾਂ ਨੂੰ 7 ਸਾਲ ਤੇ ਇਸ ਤੋਂ ਵੱਧ ਉਮਰ ਦੇ ਬੱਚਿਆਂ ਲਈ ਲਾਜ਼ਮੀ ਬਾਇਓਮੈਟ੍ਰਿਕ ਅੱਪਡੇਟ ਪੂਰਾ ਕਰਨ ਦੀ ਅਪੀਲ ਕੀਤੀ ਏ। ਊਰਜਾ ਤੇ ਸੂਚਨਾ ਤਕਨਾਲੋਜੀ ਮੰਤਰਾਲੇ ਨੇ ਕਿਹਾ ਏ ਕਿ ਮੌਜੂਦਾ ਦਿਸ਼ਾ-ਨਿਰਦੇਸ਼ਾਂ ਤਹਿਤ, ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਵਿਕਾਸ ਸੰਬੰਧੀ ਕਾਰਨਾਂ ਕਰਕੇ ਫਿੰਗਰਪ੍ਰਿੰਟ ਜਾਂ ਆਇਰਿਸ ਸਕੈਨ ਦੇਣ ਦੀ ਲੋੜ ਨਹੀਂ ਏ। ਇਸ ਵਿਚ ਕਿਹਾ ਗਿਆ ਏ ਕਿ ਇੱਕ ਵਾਰ ਬੱਚਾ ਪੰਜ ਸਾਲ ਦਾ ਹੋ ਜਾਣ 'ਤੇ, ਇਹਨਾਂ ਬਾਇਓਮੈਟ੍ਰਿਕਸ ਨੂੰ ਅੱਪਡੇਟ ਕੀਤਾ ਜਾਣਾ ਚਾਹੀਦਾ ਏ। ਮੌਜੂਦਾ ਨਿਯਮਾਂ ਅਨੁਸਾਰ ਜੇਕਰ 7 ਸਾਲ ਦੀ ਉਮਰ ਤੋਂ ਬਾਅਦ ਵੀ ਲਾਜ਼ਮੀ ਬਾਇਓਮੈਟ੍ਰਿਕ ਅੱਪਡੇਟ ਪੂਰਾ ਨਹੀਂ ਹੁੰਦਾ ਤਾਂ ਆਧਾਰ ਨੰਬਰ ਨੂੰ ਅਯੋਗ ਕੀਤਾ ਜਾ ਸਕਦਾ ਏ।

---------------------------------------------------------------------

ਭਾਰਤ ਸਰਕਾਰ ਵਲੋਂ ਪੰਜਾਬ ਨੂੰ ਵੱਕਾਰੀ ਰਾਸ਼ਟਰੀ ਇਕ ਜ਼ਿਲ੍ਹਾ ਇਕ ਉਤਪਾਦ ਪੁਰਸਕਾਰ 2024 ਤਹਿਤ ਸੋਨੇ ਦੇ ਤਮਗੇ ਨਾਲ ਸਨਮਾਨਿਤ ਕੀਤਾ ਗਿਆ ਏ। ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਕਿ ਇਹ ਸ਼ਾਨਦਾਰ ਪ੍ਰਾਪਤੀ ਉਦਯੋਗ ਤੇ ਵਣਜ ਵਿਭਾਗ ਦੇ ਅਣਥੱਕ ਯਤਨਾਂ, ਸਮਰਪਣ ਤੇ ਟੀਮ ਵਰਕ ਨੂੰ ਦਰਸਾਉਂਦੀ ਏ।

ਉਨ੍ਹਾਂ ਕਿਹਾ ਕਿ ਇਹ ਪੰਜਾਬ ਲਈ ਮਾਣ ਵਾਲੀ ਗੱਲ ਏ , ਜੋ ਇਹ ਦਰਸਾਉਂਦੀ ਏ  ਕਿ ਕਿੰਨੀ ਚੰਗੀ ਤਰ੍ਹਾਂ ਤਾਲਮੇਲ ਵਾਲੀ ਨੀਤੀ ਸਹਾਇਤਾ ਤੇ ਨਵੀਨਤਾ ਸਮਾਵੇਸ਼ੀ ਉਦਯੋਗਿਕ ਵਿਕਾਸ ਨੂੰ ਅੱਗੇ ਵਧਾ ਸਕਦੀ ਏ।

---------------------------------------------------------------------------

ਪੰਜਾਬ ਪੁਲਿਸ ਨੇ ਜੱਗੂ ਭਗਵਾਨਪੁਰੀਆ ਗੈਂਗ ਨਾਲ ਜੁੜੇ ਪੰਜ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਮਿੱਥ ਕੇ ਹਤਿਆ ਕਰਨ ਦੀ ਸਾਜ਼ਿਸ਼ ਨੂੰ ਨਾਕਾਮ ਕੀਤਾ ਏ । ਪੰਜਾਬ ਪੁਲਿਸ ਨੇ ਉਨ੍ਹਾਂ ਦੇ ਕਬਜ਼ੇ ਵਿਚੋਂ ਦੋ ਹਥਿਆਰ ਬਰਾਮਦ ਕੀਤੇ ਨੇ । ਇਸ ਬਾਰੇ ਪੰਜਾਬ ਪੁਲਿਸ ਮੁਖੀ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਪਛਾਣ ਬਟਾਲਾ ਦੇ ਰਹਿਣ ਵਾਲੇ ਲਵਪ੍ਰੀਤ ਸਿੰਘ, ਸਿਕੰਦਰ ਕੁਮਾਰ, ਓਂਕਾਰਪ੍ਰੀਤ, ਗਗਨਦੀਪ ਤੇ ਅੰਮ੍ਰਿਤਸਰ ਵਾਸੀ ਮਹਿਕਪ੍ਰੀਤ ਸਿੰਘ ਵਜੋਂ ਹੋਈ ਏ। ਉਹਨਾਂ  ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ  ਕਿ ਗੈਂਗਸਟਰ ਜੱਗੂ ਭਗਵਾਨਪੁਰੀਆ, ਜੋ ਕਿ ਇਸ ਸਮੇਂ ਅਸਾਮ ਦੀ ਸਿਲਚਰ ਜੇਲ੍ਹ ਵਿਚ ਬੰਦ ਏ , ਨੇ ਵਿਰੋਧੀ ਗੈਂਗ ਮੈਂਬਰ ਦੀ ਟਾਰਗੇਟ ਕਿਲਿੰਗ ਨੂੰ ਅੰਜਾਮ ਦੇਣ ਦੀ ਸਾਜ਼ਿਸ਼ ਰਚੀ ਸੀ। ਡੀਜੀਪੀ ਨੇ ਕਿਹਾ ਕਿ ਜੱਗੂ ਭਗਵਾਨਪੁਰੀਆ ਆਪਣੇ ਅਮਰੀਕਾ ਅਧਾਰਤ ਸਾਥੀ ਹੁਸਨਦੀਪ

ਸਿੰਘ ਰਾਹੀਂ ਇਸ ਟਾਰਗੇਟ ਕਿਲਿੰਗ ਨੂੰ ਅੰਜਾਮ ਦੇਣ ਦੀ ਸਾਜ਼ਿਸ਼ ਰਚ ਰਿਹਾ ਸੀ, ਜਿਸ ਤਹਿਤ ਉਸ ਨੇ ਲਵਪ੍ਰੀਤ ਸਿੰਘ ਸਮੇਤ ਗਰਾਊਂਡ ਹੈਂਡਲਰਾਂ ਤੇ ਨਿਸ਼ਾਨੇਬਾਜ਼ਾਂ ਨਾਲ ਤਾਲਮੇਲ ਕੀਤਾ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਅਗਲੇਰੀ ਜਾਂਚ ਜਾਰੀ ਏ ।

---------------------------------------------------------------------------

ਸੂਬੇ ਵਿਚ ਛੋਟੇ ਬੱਚਿਆਂ ਦੀ ਸਿਹਤ ਦੀ ਰੱਖਿਆ ਲਈ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ, ਡਾ. ਬਲਬੀਰ ਸਿੰਘ ਨੇ "ਸਟਾਪ ਡਾਇਰੀਆ ਮੁਹਿੰਮ 2025" ਦੀ ਸ਼ੁਰੂਆਤ ਕੀਤੀ। ਸਿਹਤ ਮੰਤਰੀ ਨੇ ਇਸ ਮੌਕੇ ਜਾਗਰੂਕਤਾ ਪੋਸਟਰ ਵੀ ਜਾਰੀ ਕੀਤੇ। ਡਾ. ਬਲਬੀਰ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਦਸਤ ਬੱਚਿਆਂ ਦੀ ਮੌਤ ਦਾ ਇਕ ਵੱਡਾ ਕਾਰਨ ਏ। ਇਹ ਮੁਹਿੰਮ ਜਾਗਰੂਕਤਾ, ਰੋਕਥਾਮ ਤੇ ਸਮੇਂ ਸਿਰ ਇਲਾਜ ਨਾਲ ਹਰ ਬੱਚੇ ਦੀ ਰੱਖਿਆ ਕਰਨ ਦਾ ਸਾਡਾ ਵਾਅਦਾ ਏ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਿਹਤ ਵਿਭਾਗ ਇਕ ਰੋਕਥਾਮ-ਸੁਰੱਖਿਆ-ਇਲਾਜ ਰਣਨੀਤੀ ਅਪਣਾਏਗਾ। ਘਰ-ਘਰ ORS-ਜ਼ਿੰਕ ਕਿੱਟ ਵੰਡ ਨੂੰ ਤਾਇਨਾਤ ਕਰੇਗਾ। ਉਨ੍ਹਾਂ ਕਿਹਾ ਕਿ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਹਰ ਸਿਹਤ ਸਹੂਲਤ 'ਤੇ ORS, ਜ਼ਿੰਕ, IV ਤਰਲ ਪਦਾਰਥ ਤੇ ਐਂਟੀਬਾਇਓਟਿਕਸ ਉਪਲਬਧ ਹੋਣ।

---------------------------------------------------------------------------

ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਏ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੇ ਨਸ਼ਾ ਤਸਕਰਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਏ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰ ਪੰਜਾਬ ਛੱਡ ਕੇ ਭੱਜ ਰਹੇ ਨੇ। ਸੌਂਦ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ 7 ਹਜ਼ਾਰ ਦੇ ਕਰੀਬ ਪਿੰਡਾਂ ਵਿਚ ਕੈਂਪ ਲਗਾ ਕੇ ਨਸ਼ੇ ਛੱਡਣ ਦੀ ਸਹੁੰ ਚੁਕਾਈ ਗਈ ਤੇ 4500 ਤੋਂ ਜ਼ਿਆਦਾ ਪਿੰਡ ਖੁਦ ਨੂੰ ਨਸ਼ਾ ਮੁਕਤ ਐਲਾਨ ਚੁੱਕੇ ਨੇ। ਉਨ੍ਹਾਂ ਕਿਹਾ ਕਿ ਹੁਣ ਸ਼ਹਿਰਾਂ ਦੇ ਵਾਰਡਾਂ ਵਿਚ ਵੀ ਨਸ਼ਿਆਂ ਖਿਲਾਫ ਜਾਗਰੂਕਤਾ ਕੈਂਪ ਲਗਾਏ ਜਾਣਗੇ। ਸੌਂਦ ਨੇ ਕਿਹਾ ਕਿ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਅਗਲੇ 6 ਮਹੀਨਿਆਂ 'ਚ ਤਿੰਨ ਹਜ਼ਾਰ ਤੋਂ ਵੱਧ ਖੇਡ ਮੈਦਾਨ ਲੋਕਾਂ ਨੂੰ ਸਮਰਪਿਤ ਕੀਤੇ ਜਾਣਗੇ।

---

ਅਮਰੀਕਾ ਦੇ ਬਰਮਿੰਘਮ ਵਿਖੇ ਹੋਈਆਂ ਵਿਸ਼ਵ ਪੁਲਿਸ ਖੇਡਾਂ ਵਿੱਚ ਪੰਜਾਬ ਪੁਲਿਸ ਦੇ 13 ਖਿਡਾਰੀਆਂ ਨੇ ਵੱਖ-ਵੱਖ ਖੇਡਾਂ ਵਿੱਚ ਸ਼ਾਨਦਾਨ ਪ੍ਰਦਰਸ਼ਨ ਕਰਦੇ ਹੋਏ ਭਾਰਤੀ ਪੁਲਿਸ ਟੀਮ ਲਈ 32 ਸੋਨ, 16 ਚਾਂਦੀ ਤੇ 11 ਕਾਂਸੇ ਸਮੇਤ ਕੁੱਲ 59 ਤਮਗੇ ਜਿੱਤ ਕੇ ਪੰਜਾਬ ਪੁਲਿਸ ਦਾ ਨਾਮ ਰੌਸ਼ਨ ਕੀਤਾ ਏ । ਜੇਤੂ ਖਿਡਾਰੀਆਂ ਦਾ ਪੀ.ਏ.ਪੀ. ਹੈੱਡਕੁਆਟਰ ਪਹੁੰਚਣ 'ਤੇ ਏ.ਡੀ.ਜੀ.ਪੀ. ਐਮ.ਐਫ. ਫਾਰੂਕੀ ਵੱਲੋਂ ਨਿੱਘਾ ਸਵਾਗਤ

ਕੀਤਾ ਗਿਆ। ਉਨ੍ਹਾਂ ਜੇਤੂ ਖਿਡਾਰੀਆਂ ਨੂੰ ਸ਼ਾਨਦਾਰ ਉਪਲੱਬਧੀ 'ਤੇ ਵਧਾਈ ਦਿੰਦਿਆ ਕਿਹਾ ਕਿ ਪੰਜਾਬ ਪੁਲਿਸ ਨੂੰ ਅਜਿਹੇ ਖਿਡਾਰੀਆਂ ਉੱਤੇ ਮਾਣ ਏ। ਖੇਡ ਸਕੱਤਰ ਪੰਜਾਬ ਪੁਲਿਸ ਨਵਜੋਤ ਸਿੰਘ ਮਾਹਲ ਨੇ ਦੱਸਿਆ ਕਿ ਖੇਡਾਂ ਵਾਸਤੇ ਸਰਬ ਭਾਰਤੀ ਪੁਲਿਸ ਸਪੋਰਟਸ ਕੰਟਰੋਲ ਬੋਰਡ ਨਵੀਂ ਦਿੱਲੀ ਵਲੋਂ ਪੰਜਾਬ ਪੁਲਿਸ ਦੇ 7 ਐਥਲੈਟਿਕਸ, 3 ਜੂਡੋ, 1 ਤੀਰ-ਅੰਦਾਜ਼ੀ, 1 ਤੈਰਾਕੀ ਤੇ 1 ਆਰਮ ਰੈਸਲਿੰਗ ਸਮੇਤ 13 ਖਿਡਾਰੀ/ਖਿਡਾਰਨਾਂ ਨੇ ਖੇਡਾਂ ਵਿੱਚ ਭਾਗ ਲਿਆ।